# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 25-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਛੱਠ ਮਹਾਪਰਵ ਦੇ ਮੌਕੇ 'ਤੇ ਦੇਸ਼ ਅਤੇ ਦੁਨੀਆ ਭਰ ਦੇ ਸ਼ਰਧਾਲੂਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਸ਼ਰਧਾਲੂਆਂ ਦੀ ਅਟੁੱਟ ਸ਼ਰਧਾ ਨੂੰ ਨਮਨ ਕੀਤਾ ਅਤੇ ਇਸ ਚਾਰ ਦਿਨਾਂ ਤਿਉਹਾਰ ਦੇ ਡੂੰਘੇ ਸੱਭਿਆਚਾਰਕ ਮਹੱਤਵ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਨੇ ਛੱਠ ਦੀ ਵਧਦੀ ਵਿਸ਼ਵਵਿਆਪੀ ਮਾਨਤਾ ਨੂੰ ਵੀ ਸਵੀਕਾਰ ਕੀਤਾ, ਤੇ ਕਿਹਾ ਕਿ ਦੁਨੀਆ ਭਰ ਦੇ ਭਾਰਤੀ ਪਰਿਵਾਰ ਇਸ ਦੀਆਂ ਰਸਮਾਂ ਵਿੱਚ ਦਿਲੋਂ ਸ਼ਰਧਾ ਨਾਲ ਹਿੱਸਾ ਲੈਂਦੇ ਨੇ. ਇਸ ਮੌਕੇ ਨੂੰ ਮਨਾਉਣ ਲਈ, ਪ੍ਰਧਾਨ ਮੰਤਰੀ ਨੇ ਛੱਠੀ ਮਈਆ ਨੂੰ ਸਮਰਪਿਤ ਇੱਕ ਭਗਤੀ ਗੀਤ ਵੀ ਸਾਂਝਾ ਕੀਤਾ, ਜਿਸ ਵਿੱਚ ਸਾਰਿਆਂ ਨੂੰ ਇਸ ਦੇ ਅਧਿਆਤਮਿਕ ਗੂੰਜ ਵਿੱਚ ਡੁੱਬਣ ਦਾ ਸੱਦਾ ਦਿੱਤਾ ਗਿਆ। ਪ੍ਰਧਾਨ ਮੰਤਰੀ ਨੇ ਛੱਠੀ ਮਈਆ ਨੂੰ ਸਾਰਿਆਂ ਨੂੰ ਭਰਪੂਰ ਅਸ਼ੀਰਵਾਦ ਦੇਣ ਦੀ ਕਾਮਨਾ ਕੀਤੀ।

---------------------------------------------------------------------
ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗ੍ਰਾਮ ਦਾ 127 ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ।

---------------------------------------------------------------------
ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਹੋ ਰਹੀ ਜ਼ਿਮਨੀ ਚੋਣ ਲਈ ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ ਤੋਂ ਬਾਅਦ 15 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਨੇ. ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ 5 ਉਮੀਦਵਾਰਾਂ ਨੇ ਆਪਣੀ ਉਮੀਦਵਾਰੀ ਵਾਪਸ ਲੈ ਲਈ ।ਚੋਣ ਮੈਦਾਨ ਵਿੱਚ ਮੁਖ ਉਮੀਦਵਾਰ'ਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸੁਖਵਿੰਦਰ ਕੌਰ, ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਹਰਜੀਤ ਸਿੰਘ ਸੰਧੂ, ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ, ਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਸ਼ਾਮਿਲ ਨੇ. ਰਿਟਰਨਿੰਗ ਅਫਸਰ ਨੇ ਦੱਸਿਆ ਕਿ

ਸਾਰੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਗਏ ਨੇ. ਉਨ੍ਹਾਂ ਦੱਸਿਆ ਕਿ ਵੋਟਾਂ 11 ਨਵੰਬਰ ਨੂੰ ਪੈਣਗੀਆਂ `ਤੇ ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ।

---------------------------------------------------------------

ਝੋਨੇ ਦੀ ਪਰਾਲੀ ਦੇ ਸੁਚੱਜੇ ਨਿਪਟਾਰੇ ਸਬੰਧੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋ ਪਿੰਡ ਲੱਖੇਵਾਲੀ ਵਿਖੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਕਰਾਇਆ ਗਿਆ, ਜਿਸ ਵਿੱਚ ਮੁਕਤਸਰ ਬਲਾਕ ਦੇ ਵੱਖ-ਵੱਖ ਪਿੰਡਾਂ ਤੋਂ ਸੂਝਵਾਨ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਐਸੋਸੀਏਟ ਡਾਇਰੈਕਟਰ ਡਾ. ਕਰਮਜੀਤ ਸ਼ਰਮਾ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਦਾਇਕ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਕਿਸਾਨਾਂ ਨੂੰ ਕੇ.ਵੀ.ਕੇ. ਵਿੱਚ ਉਪਲਬਧ ਮਸ਼ੀਨਰੀ ਬੈਂਕ ਦੀ ਸਹੂਲਤ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਉਹਨਾਂ ਨੇ ਪਰਾਲੀ ਦੀ ਸਾਂਭ ਸੰਭਾਲ ਲਈ ਕੇ.ਵੀ.ਕੇ., ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀਆਂ ਜਾਂਦੀਆਂ ਵੱਖ-ਵੱਖ ਗਤੀਵਿਧੀਆਂ ਦਾ ਵੀ ਜ਼ਿਕਰ ਕੀਤਾ। ਉਹਨਾਂ ਪਰਾਲੀ ਦੇ ਨਿਪਟਾਰੇ ਲਈ ਯੂਨੀਵਰਸਿਟੀ ਵੱਲੋਂ ਸਿਫਾਰਸ਼ ਵੱਖ-ਵੱਖ ਮਸ਼ੀਨਾਂ ਬਾਰੇ ਜਾਣਕਾਰੀ ਦਿੰਦਿਆਂ ਉਹਨਾਂ ਦੀ ਵਰਤੋਂ ਲਈ ਕਿਸਾਨਾਂ ਨੂੰ ਉਤਸ਼ਾਹਿਤ ਕੀਤਾ। ਉਹਨਾਂ ਨੇ ਹਾੜੀ ਦੀਆਂ ਵੱਖ-ਵੱਖ ਫਸਲਾਂ ਬਾਰੇ ਜਾਣਕਾਰੀ

ਦਿੱਤੀ।

--------------------------------------------------------------------

ਜਲੰਧਰ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵੱਲੋਂ ਸ਼ੋਰ ਪ੍ਰਦੂਸ਼ਣ (ਨੇਮ੍ਬ੍ਧੀ ਅਤੇ ਕੰਟਰੋਲ) ਨੇਮਾਂ, 2000 ਅਤੇ ਭਾਰਤੀ ਨਾਗਰਿਕ ਸੁਰਕ੍ਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਗਏ ਨੇ ਕਿ ਮੈਰਿਜ ਪੈਲੇਸਾਂ, ਜਨਤਕ ਥਾਵਾਂ ਅਤੇ ਧਾਰਮਿਕ ਸਥਾਨਾਂ ’ਤੇ ਲਾਊਡ ਸਪੀਕਰ ਦੀ ਆਵਾਜ਼ 10 ਡੈਸੀਬਲ ਤੋਂ ਘੱਟ ਹੋਣੀ ਚਾਹੀਦੀ ਏ। ਹੁਕਮਾਂ ਮੁਤਾਬਕ ਬੱਸਾਂ, ਕਾਰਾਂ, ਮੋਟਰਸਾਈਕਲਾਂ ਅਤੇ ਹਰ ਪ੍ਰਕਾਰ ਦੇ ਵਾਹਨਾਂ ’ਤੇ ਪ੍ਰੈਸ਼ਰ ਹਾਰਨਾਂ ’ਤੇ ਪੂਰਨ ਤੌਰ ’ਤੇ ਪਾਬੰਦੀ ਲਗਾਈ ਗਈ ਏ। ਇਸ ਤੋਂ ਇਲਾਵਾ ਮੈਰਿਜ ਪੈਲੇਸਾਂ ਅਤੇ ਪਬਲਿਕ ਲੋਕੇਸ਼ਨਾਂ ਆਦਿ ’ਤੇ ਲਾਊਡ ਸਪੀਕਰ ਆਦਿ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਅਗਾਹੂੰ ਪ੍ਰਵਾਨਗੀ ਲੈਣੀ ਲਾਜ਼ਮੀ ਹੋਵੇਗੀ ਅਤੇ ਪ੍ਰਵਾਨਗੀ ਉਪਰੰਤ ਲਾਊਡ ਸਪੀਕਰ ਦੀ ਵਰਤੋਂ ਕਰਨ ਦਾ ਸਮਾਂ ਸਵੇਰੇ 6 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗਾ। ਇਹ ਹੁਕਮ 22 ਨਵੰਬਰ 2025 ਤੱਕ ਰਹੇਗਾ।

--------------------------------------------------------------------

ਪੰਜਾਬ ਸਰਕਾਰ ਵੱਲੋਂ ਪਰਾਲੀ ਨੂੰ ਸਾੜਨ ਦੀ ਥਾਂ ਖੇਤਾਂ ਵਿਚ ਹੀ ਇਸਦਾ ਨਿਪਟਾਰਾ ਕਰਨ ਦੇ ਮੰਤਵ ਨਾਲ ਕਿਸਾਨਾਂ ਨੂੰ ਜਾਗਰੂਕ ਕਰਨ

ਲਈ ਵਿਦਿਆਰਥੀ ਵੀ " ਵਾਤਾਵਰਨ ਮਿੱਤਰ " ਦੇ ਰੂਪ ਵਿਚ ਅਹਿਮ ਭੂਮਿਕਾ ਨਿਭਾਉਣਗੇ । ਇਸ ਸਬੰਧੀ ਅੱਜ ਵਿਦਿਆਰਥੀਆਂ ਵਲੋਂ ਝੋਨੇ ਦੀ ਪਰਾਲੀ ਨਾ ਸਾੜਨ ਦਾ ਸੁਨੇਹਾ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਦੇ ਮਕਸਦ ਨਾਲ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਵਲੋਂ ਸਰਕਾਰੀ ਸਕੂਲਾਂ ਦੇ ਦਿਆਰਥੀਆਂ ਨੂੰ 'ਵਾਤਾਵਰਣ ਮਿੱਤਰ' ਦੇ ਲੋਗੋ ਵਾਲੀਆਂ ਟੀ-ਸ਼ਰਟਾਂ ਦੀ ਵੰਡ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿਚ ਇਨ੍ਹਾਂ ਵਿਦਿਆਰਥੀਆਂ ਵਲੋਂ ਖਾਸ ਥਾਵਾਂ'ਤੇ ਜ਼ਿਆਦਾ ਜ਼ੋਰ ਦੇ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਕੂਲ ਦੀ ਸਵੇਰ ਦੀ ਪ੍ਰਾਰਥਨਾ ਦੇ ਵਿਚ ਵੀ ਵਿਦਿਆਰਥੀਆਂ ਵਲੋਂ ਪਰਾਲੀ ਨੂੰ ਸਾੜੇ ਜਾਣ ਤੋਂ ਹੋਣ ਵਾਲੇ ਨੁਕਸਾਨਾਂ, ਸਿਹਤ ਤੇ ਪੈਂਦੇ ਮਾੜੇ ਪ੍ਰਭਾਵਾਂ ਤੇ ਮਿੱਤਰ ਕੀੜਿਆਂ ਦੇ ਨਸ਼ਟ ਹੋਣ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮੂਹ ਸਕੂਲਾਂ ਵਿਚ ਪਰਾਲੀ ਸਾੜਨ ਦੇ ਨੁਕਸਾਨ ਅਤੇ ਪਰਾਲੀ ਸੰਭਾਲ ਦੇ ਉਪਲਬੱਧ ਤਰੀਕਿਆਂ ਪ੍ਰਤੀ ਜਾਗਰੂਕਤਾ ਲਈ ਲੈਕਚਰ,ਪੋਸਟਰ ਮੇਕਿੰਗ ਮੁਕਾਬਲੇ ਤੇ ਹੋਰ ਗਤੀਵਿਧੀਆਂ ਕਰਵਾਈਆਂ ਜਾਣਗੀਆਂ।

---

ਜਲੰਧਰ ਵਿੱਚ, 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਬੀਤੀ ਰਾਤ BSF ਜਲੰਧਰ ਅਤੇ ਕੈਗ ਦਿੱਲੀ ਦੀਆਂ

ਟੀਮਾਂ 2-2 ਨਾਲ ਬਰਾਬਰੀ 'ਤੇ ਰਹੀਆਂ ਅਤੇ ਇੰਡੀਅਨ ਨੇਵੀ ਮੁੰਬਈ ਨੇ ਰੇਲ ਕੋਚ ਫੈਕਟਰੀ ਕਪੂਰਥਲਾ ਨੂੰ 3-2 ਨਾਲ ਹਰਾਇਆ।ਅੱਜ ਇੰਡੀਅਨ ਏਅਰ ਫੋਰਸ ਦਾ ਮੁਕਾਬਲਾ ਪੰਜਾਬ ਪੁਲਿਸ ਨਾਲ ਅਤੇ ਭਾਰਤੀ ਰੇਲਵੇ ਦਾ ਮੁਕਾਬਲਾ CRPF ਨਾਲ ਹੋਵੇਗਾ।